ਭੈਰਉ ਮਹਲਾ ੫ ॥ ਰੋਵਨਹਾਰੀ ਰੋਜੁ ਬਨਾਇਆ ॥ ਬਲਨ ਬਰਤਨ ਕਉ ਸਨਬੰਧੁ ਚਿਤਿ ਆਇਆ ॥ ਬੂਝਿ ਬੈਰਾਗੁ ਕਰੇ ਜੇ ਕੋਇ ॥ ਜਨਮ ਮਰਣ ਫਿ ਰਿ ਸੋਗੁ ਨ ਹੋਇ ॥੧॥ ਬਿਖਿਆ ਕਾ ਸਭੁ ਧੰਧੁ ਪਸਾਰੁ ॥ ਵਿਰਲੈ ਕੀਨੋ ਨਾਮ ਅਧਾਰੁ ॥ ੧॥ ਰਹਾਉ ॥ ਤ੍ਰਿਬਿਧਿ ਮਾਇਆ ਰਹੀ ਬਿਆਪਿ ॥ ਜੋ ਲਪਟਾਨੋ ਤਿਸੁ ਦੂਖ ਸੰਤਾਪ ॥ ਸੁਖੁ ਨਾਹੀ ਬਿਨੁ ਨਾਮ ਧਿਆਏ ॥ ਨਾਮ ਨਿਧਾਨੁ ਬਡਭਾਗੀ ਪਾਏ ॥੨॥ ਸ੍ਵਾਂਗੀ ਸਿਉ ਜੋ ਮਨੁ ਰੀਝਾਵੈ ॥ ਸ੍ਵਾਗਿ ਉਤਾਰਿਐ ਫਿਰਿ ਪਛੁਤਾਵੈ ॥ ਮੇਘ ਕੀ ਛਾਇਆ ਜੈਸੇ ਬਰਤਨਹਾਰ ॥ ਤੈਸੋ ਪਰਪੰਚੁ ਮੋਹ ਬਿਕਾਰ ॥੩॥ ਏਕ ਵਸਤੁ ਜੇ ਪਾਵੈ ਕੋਇ ॥ ਪੂਰਨ ਕਾਜੁ ਤਾਹੀ ਕਾ ਹੋਇ ॥ ਗੁਰ ਪ੍ਰਸਾਦਿ ਜਿਨਿ ਪਾਇਆ ਨਾਮੁ ॥ ਨਾਨਕ ਆਇਆ ਸੋ ਪਰਵਾਨੁ ॥੪॥੨੦॥੩੩॥ {ਪੰਨਾ 1145}

ਪਦਅਰਥ:- ਰੋਜੁ—ਹਰ ਰੋਜ਼ ਦਾ ਨੇਮ। ਬਲਨ—ਵਲੇਵਾ। ਬਲਨ ਬਰਤਨ ਕਉ—ਵਰਤਣ-ਵਿਹਾਰ ਦੀ ਖ਼ਾਤਰ। ਚਿਤਿ—ਚਿੱਤ ਵਿਚ। ਬੂਝਿ—(ਜਗਤ ਦੇ ਸੰਬੰਧ ਨੂੰ) ਸਮਝ ਕੇ। ਕੋਇ—ਕੋਈ ਮਨੁੱਖ। ਬੈਰਾਗੁ—ਨਿਰਮੋਹਤਾ। ਸੋਗੁ—ਗ਼ਮ।1।

ਬਿਖਿਆ—ਮਾਇਆ। ਧੰਧੁ—ਖਲਜਗਨ। ਅਧਾਰੁ—ਆਸਰਾ।1। ਰਹਾਉ।

ਤ੍ਰਿਬਿਧਿ—ਤਿੰਨਾਂ ਗੁਣਾਂ ਵਾਲੀ। ਰਹੀ ਬਿਆਪਿ—(ਆਪਣਾ) ਜ਼ੋਰ ਪਾ ਰਹੀ ਹੈ। ਲਪਟਾਨੋ—ਚੰਬੜਦਾ ਹੈ। ਸੰਤਾਪ—(ਅਨੇਕਾਂ) ਕਲੇਸ਼। ਨਿਧਾਨੁ—ਖ਼ਜ਼ਾਨਾ।2।

ਸਿਉ—ਨਾਲ। ਰੀਝਾਵੈ—ਪਰਚਾਂਦਾ ਹੈ। ਸ੍ਵਾਗਿ ਉਤਾਰਿਐ—ਜਦੋਂ ਸਾਂਗ ਲਾਹ ਦਿੱਤਾ ਜਾਂਦਾ ਹੈ। ਮੇਘ—ਬੱਦਲ। ਪਰਪੰਚੁ—ਜਗਤ-ਪਸਾਰਾ।3।

ਵਸਤੁ—ਨਾਮ-ਪਦਾਰਥ। ਤਾਹੀ ਕਾ—ਉਸੇ ਦਾ। ਪ੍ਰਸਾਦਿ—ਕਿਰਪਾ ਨਾਲ। ਜਿਨਿ—ਜਿਸ (ਮਨੁੱਖ) ਨੇ। ਆਇਆ—ਜਗਤ ਵਿਚ ਜੰਮਿਆ।4।

ਅਰਥ:- ਹੇ ਭਾਈ! (ਜਗਤ ਵਿਚ) ਮਾਇਆ ਦਾ ਹੀ ਸਾਰਾ ਧੰਧਾ ਹੈ, ਮਾਇਆ ਦਾ ਹੀ ਸਾਰਾ ਖਿਲਾਰਾ ਹੈ। ਕਿਸੇ ਵਿਰਲੇ ਮਨੁੱਖ ਨੇ (ਮਾਇਆ ਦਾ ਆਸਰਾ ਛੱਡ ਕੇ) ਪਰਮਾਤਮਾ ਦੇ ਨਾਮ ਦਾ ਆਸਰਾ ਲਿਆ ਹੈ।1। ਰਹਾਉ।

ਹੇ ਭਾਈ! (ਕਿਸੇ ਸੰਬੰਧੀ ਦੇ ਮਰਨ ਤੇ ਮਾਇਕ ਸੰਬੰਧਾਂ ਦੇ ਕਾਰਨ ਹੀ) ਰੋਣ ਵਾਲੀ ਇਸਤ੍ਰੀ (ਰੋਣ ਨੂੰ) ਹਰ ਰੋਜ਼ ਦਾ ਨੇਮ ਬਣਾਈ ਰੱਖਦੀ ਹੈ (ਕਿਉਂਕਿ ਉਸ ਨੂੰ ਵਿਛੁੜੇ ਸੰਬੰਧੀ ਦੇ ਨਾਲ) ਵਰਤਣ-ਵਿਹਾਰ ਦਾ ਸੰਬੰਧ ਚੇਤੇ ਆਉਂਦਾ ਰਹਿੰਦਾ ਹੈ। ਪਰ ਜੇ ਕੋਈ ਪ੍ਰਾਣੀ (ਇਹ) ਸਮਝ ਕੇ (ਕਿ ਇਹ ਮਾਇਕ ਸੰਬੰਧ ਸਦਾ ਕਾਇਮ ਨਹੀਂ ਰਹਿ ਸਕਦੇ ਆਪਣੇ ਅੰਦਰ) ਨਿਰਮੋਹਤਾ ਪੈਦਾ ਕਰ ਲਏ, ਤਾਂ ਉਸ ਨੂੰ (ਕਿਸੇ ਦੇ) ਜਨਮ (ਦੀ ਖ਼ੁਸ਼ੀ, ਤੇ, ਕਿਸੇ ਦੇ) ਮਰਨ ਦਾ ਗ਼ਮ ਨਹੀਂ ਵਿਆਪਦਾ।1।

ਹੇ ਭਾਈ! ਇਹ ਤ੍ਰਿਗੁਣੀ ਮਾਇਆ (ਸਾਰੇ ਜੀਵਾਂ ਉਤੇ ਆਪਣਾ) ਜ਼ੋਰ ਪਾ ਰਹੀ ਹੈ। ਜਿਹੜਾ ਮਨੁੱਖ (ਇਸ ਮਾਇਆ ਨੂੰ) ਚੰਬੜਿਆ ਰਹਿੰਦਾ ਹੈ, ਉਸ ਨੂੰ (ਅਨੇਕਾਂ) ਕਲੇਸ਼ ਵਿਆਪਦੇ ਰਹਿੰਦੇ ਹਨ। ਹੇ ਭਾਈ! ਪਰਮਾਤਮਾ ਦਾ ਨਾਮ ਸਿਮਰਨ ਤੋਂ ਬਿਨਾ ਸੁਖ ਨਹੀਂ ਹੋ ਸਕਦਾ। ਕੋਈ ਵਿਰਲਾ ਕਿਸਮਤ ਵਾਲਾ ਮਨੁੱਖ ਹੀ ਨਾਮ-ਖ਼ਜ਼ਾਨਾ ਹਾਸਲ ਕਰਦਾ ਹੈ।2।

ਹੇ ਭਾਈ! ਜਿਹੜਾ ਮਨੁੱਖ ਕਿਸੇ ਸਾਂਗ-ਧਾਰੀ ਨਾਲ ਪਿਆਰ ਪਾ ਲੈਂਦਾ ਹੈ, ਜਦੋਂ ਉਹ ਸਾਂਗ ਲਾਹ ਦਿੱਤਾ ਜਾਂਦਾ ਹੈ ਤਦੋਂ ਉਹ (ਪਿਆਰ ਪਾਣ ਵਾਲਾ ਅਸਲੀਅਤ ਵੇਖ ਕੇ) ਪਛੁਤਾਂਦਾ ਹੈ। ਹੇ ਭਾਈ! ਜਿਵੇਂ ਬੱਦਲਾਂ ਦੀ ਛਾਂ (ਨੂੰ ਟਿਕਵੀਂ ਛਾਂ ਸਮਝ ਕੇ ਉਸ) ਨਾਲ ਵਰਤਣ ਕਰਨਾ ਹੈ, ਤਿਵੇਂ ਹੀ ਇਹ ਜਗਤ-ਪਸਾਰਾ ਮੋਹ ਆਦਿਕ ਵਿਕਾਰਾਂ ਦਾ

ਮੂਲ ਹੈ।3।

ਹੇ ਭਾਈ! ਜੇ ਕੋਈ ਮਨੁੱਖ ਪਰਮਾਤਮਾ ਦਾ ਨਾਮ-ਖ਼ਜ਼ਾਨਾ ਪ੍ਰਾਪਤ ਕਰ ਲਏ, ਉਸੇ ਦਾ ਹੀ (ਜੀਵਨ ਦਾ ਅਸਲ) ਕੰਮ ਕਿਸੇ ਸਿਰੇ ਚੜ੍ਹਦਾ ਹੈ। ਹੇ ਨਾਨਕ! ਜਗਤ ਵਿਚ ਜੰਮਿਆ ਉਹੀ ਮਨੁੱਖ (ਲੋਕ ਪਰਲੋਕ ਵਿਚ) ਕਬੂਲ ਹੁੰਦਾ ਹੈ ਜਿਸ ਨੇ ਗੁਰੂ ਦੀ ਕਿਰਪਾ ਨਾਲ ਪਰਮਾਤਮਾ ਦਾ ਨਾਮ ਹਾਸਲ ਕਰ ਲਿਆ ਹੈ।4। 20। 33।